ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

19:30

ਮਿਤੀ: 25-11-2026

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਮੰਤਰੀ ਮੰਡਲ ਨੇ ਨਿਰਮਾਣ ਅਤੇ ਬੁਨਿਆਦੀ ਢਾਂਚਾ ਉਪਕਰਣ - ਸੀਆਈਈ ਨਿਰਮਾਣ ਖੇਤਰ ਨੂੰ ਹੁਲਾਰਾ ਦੇਣ ਲਈ 11,ਹਜ਼ਾਰ ਕਰੋੜ ਰੁਪਏ ਦੀ ਯੋਜਨਾ ਨੂੰ ਪ੍ਰਵਾਨਗੀ ਸਮੇਤ ਪੰਜ ਵੱਡੇ ਫੈਸਲਿਆਂ ਨੂੰ ਮਨਜ਼ੂਰੀ ਦਿੱਤੀ ।

- ਭਾਰਤ ਅਤੇ ਚੀਨ ਦਰਮਿਆਨ ਕੂਟਨੀਤਕ ਅਤੇ ਫੌਜੀ ਪੱਧਰ ਦੀ ਗੱਲਬਾਤ ਜਾਰੀ ਏ.

- ਕੇਂਦਰੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਵਲੋਂ ਰਾਸ਼ਟਰੀ ਲਿੰਗਕ ਸਮਾਨਤਾ ਮੁਹਿੰਮ 'ਨਈ ਚੇਤਨਾ - ਪਹਿਲ ਬਦਲਾਵ ਕੀ' ਦੇ ਪੰਜਵੇਂ ਐਡੀਸ਼ਨ ਦੀ ਸ਼ੁਰੂਆਤ .

- ਭਾਰਤ ਦੇ ਚੀਫ਼ ਜਸਟਿਸ ਜਸਟਿਸ ਸੂਰਿਆ ਕਾਂਤ ਨੇ ਕਾਨੂੰਨੀ ਪੇਸ਼ੇ ਵਿੱਚ ਔਰਤਾਂ ਦੀ ਵਧੇਰੇ ਪ੍ਰਤੀਨਿਧਤਾ ਲਈ ਕਿਹੈ.

- ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਹਿੰਦ ਮਹਾਸਾਗਰ ਖੇਤਰ ਦੀ ਸੁਰੱਖਿਆ ਪ੍ਰਤੀ ਭਾਰਤ ਦੀ ਵਚਨਬੱਧਤਾ ਦੁਹਰਾਈ.

ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਮੰਤਰੀ ਮੰਡਲ ਨੇ ਅੱਜ ਪੰਜ ਵੱਡੇ ਫੈਸਲਿਆਂ ਨੂੰ ਮਨਜ਼ੂਰੀ ਦੇ ਦਿੱਤੀ ਏ । ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਨਵੀਂ ਦਿੱਲੀ ਵਿੱਚ ਕੈਬਨਿਟ ਮੀਟਿੰਗ ਤੋਂ ਬਾਅਦ ਇਹ ਜਾਣਕਾਰੀ ਦਿੱਤੀ

BYTE

ਮੰਤਰੀ ਮੰਡਲ ਨੇ ਮਾਲੀ ਸਾਲ 2026-27 ਤੋਂ 2030-31 ਤੱਕ ਡਾਕ ਸੰਚਾਲਨ ਯੋਜਨਾ ਨੂੰ ਜਾਰੀ ਰੱਖਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਇਸ ਲਈ 1 ਹਜ਼ਾਰ 410 ਕਰੋੜ ਰੁਪਏ ਦਾ ਖਰਚਾ ਰੱਖਿਆ ਗਿਆ ਏ । ਸ਼੍ਰੀ ਵੈਸ਼ਨਵ ਨੇ ਕਿਹਾ ਕਿ ਇਸ ਯੋਜਨਾ ਦਾ ਉਦੇਸ਼ ਡਾਕ ਨੈੱਟਵਰਕ ਨੂੰ ਆਧੁਨਿਕ ਬਣਾਉਣਾ, ਪਾਰਸਲ ਅਤੇ ਡਾਕ ਸੇਵਾਵਾਂ ਨੂੰ ਮਜ਼ਬੂਤ ਕਰਨਾ, ਦਿਹਾਤੀ ਖੇਤਰਾਂ ਵਿੱਚ ਸੰਪਰਕ ਵਧਾਉਣਾ ਅਤੇ ਨਾਗਰਿਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨਾ ਏ । ਮੰਤਰੀ ਮੰਡਲ ਨੇ ਡਾਕ ਵਿਭਾਗ ਦੀ ਸੰਪਤੀ ਪ੍ਰਬੰਧਨ ਯੋਜਨਾ ਨੂੰ ਜਾਰੀ ਰੱਖਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਇਸ ਲਈ 1 ਹਜ਼ਾਰ 491 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਏ ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਸਾਮ ਦੇ ਸਿਲਚਰ ਦੇ ਡੋਲੂ ਵਿਖੇ ਗ੍ਰੀਨਫੀਲਡ ਹਵਾਈ ਅੱਡੇ ਦੇ ਵਿਕਾਸ ਨੂੰ ਮਨਜ਼ੂਰੀ ਦੇਣ ਦੇ ਕੇਂਦਰੀ

ਮੰਤਰੀਮੰਡਲ ਦੇ ਫੈਸਲੇ ਦਾ ਸਵਾਗਤ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਤਜਵੀਜ਼ਸ਼ੁਦਾ ਹਵਾਈ ਅੱਡੇ ਵਿੱਚ ਵੱਡੇ ਜਹਾਜ਼ਾਂ ਨੂੰ ਸੰਭਾਲਣ ਦੀ ਸਮਰੱਥਾ ਹੋਵੇਗੀ। ਇਹ ਪ੍ਰੋਜੈਕਟ ਦੱਖਣੀ ਅਸਾਮ ਅਤੇ ਨਾਲ ਲੱਗਦੇ ਰਾਜਾਂ ਵਿੱਚ ਹਵਾਈ ਸੰਪਰਕ ਨੂੰ ਵੀ ਵਧਾਏਗਾ। ਇਸ ਵਿੱਚ ਇੱਕ ਆਧੁਨਿਕ ਟਰਮੀਨਲ ਹੋਵੇਗਾ ਜੋ ਪੀਕ ਘੰਟਿਆਂ ਦੌਰਾਨ ਭਾਰੀ ਯਾਤਰੀ ਆਵਾਜਾਈ ਨੂੰ ਸੰਭਾਲਣ ਦੇ ਸਮਰੱਥ ਹੋਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਹਵਾਈ ਅੱਡਾ ਵਪਾਰ, ਚਾਹ ਅਤੇ ਖੇਤੀਬਾੜੀ-ਅਧਾਰਿਤ ਸਨਅਤਾਂ ਨੂੰ ਵੀ ਵੱਡਾ ਹੁਲਾਰਾ ਦੇਵੇਗਾ, ਨਾਲ ਹੀ ਸੈਰ-ਸਪਾਟਾ, ਨਿਵੇਸ਼ ਅਤੇ ਰੁਜ਼ਗਾਰ ਵਿੱਚ ਨਵੇਂ ਮੌਕੇ ਪੈਦਾ ਕਰੇਗਾ।

ਭਾਰਤ ਅਤੇ ਚੀਨ ਦਰਮਿਆਨ ਕੂਟਨੀਤਕ ਅਤੇ ਫੌਜੀ ਪੱਧਰ ਦੀ ਗੱਲਬਾਤ ਜਾਰੀ ਏ. ਅੱਜ ਸ਼ਾਮ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਸੰਬੋਧਨ ਕਰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਅਤੇ ਚੀਨ ਕੂਟਨੀਤਕ ਅਤੇ ਫੌਜੀ ਵਿਧੀਆਂ ਰਾਹੀਂ ਨਿਯਮਿਤ ਤੌਰ 'ਤੇ ਗੱਲਬਾਤ ਕਰਦੇ ਨੇ. ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਪੂਰਬੀ ਸੈਕਟਰ ਵਿੱਚ ਸੀਨੀਅਰ ਉੱਚ ਫੌਜੀ ਕਮਾਂਡਰਾਂ ਦੀ ਇੱਕ ਮੀਟਿੰਗ ਹੋਈ ਸੀ। ਦੋਵਾਂ ਧਿਰਾਂ ਵਿਚਕਾਰ ਵਿਚਾਰ-ਵਟਾਂਦਰਾ ਸਰਹੱਦੀ ਪ੍ਰਬੰਧਨ ਨੂੰ ਬਿਹਤਰ ਬਣਾਉਣ ਅਤੇ ਅਸਲ ਕੰਟਰੋਲ ਰੇਖਾ ਦੇ ਨਾਲ ਬਕਾਇਆ ਮੁੱਦਿਆਂ ਨੂੰ ਹੱਲ ਕਰਨ 'ਤੇ ਕੇਂਦ੍ਰਿਤ ਸੀ। ਬੁਲਾਰੇ ਨੇ ਅੱਗੇ ਕਿਹਾ ਕਿ ਅਜਿਹੀਆਂ ਗੱਲਬਾਤਾਂ ਦਾ ਉਦੇਸ਼ ਸਰਹੱਦੀ ਖੇਤਰਾਂ ਵਿੱਚ ਸ਼ਾਂਤੀ ਬਣਾਈ

ਰੱਖਣਾ ਅਤੇ ਕਿਸੇ ਵੀ ਤਰ੍ਹਾਂ ਦੇ ਵਾਧੇ ਨੂੰ ਰੋਕਣਾ ਏ. ਅਮਰੀਕਾ ਬਾਰੇ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ, ਸ਼੍ਰੀ ਜੈਸਵਾਲ ਨੇ ਕਿਹਾ ਕਿ ਇਸ ਸਾਲ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ, ਇੱਕ ਹਜ਼ਾਰ 700 ਭਾਰਤੀ ਨਾਗਰਿਕਾਂ ਨੂੰ ਅਮਰੀਕਾ ਤੋਂ ਦੇਸ਼ ਵਾਪਿਸ ਭੇਜਿਆ ਗਿਆ ਏ. ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਦਾ ਪ੍ਰਵਾਸ ਅਤੇ ਆਵਾਜਾਈ 'ਤੇ ਅਮਰੀਕਾ ਨਾਲ ਨਿਰੰਤਰ ਸਹਿਯੋਗ ਏ, ਅਤੇ ਉਹ ਗੈਰ-ਕਾਨੂੰਨੀ ਇਮੀਗ੍ਰੇਸ਼ਨ ਦੇ ਵਿਰੁੱਧ ਏ । ਬੰਗਲਾਦੇਸ਼ ਵਿੱਚ ਘੱਟ ਗਿਣਤੀਆਂ ਵਿਰੁੱਧ ਹਿੰਸਾ ਦੀਆਂ ਘਟਨਾਵਾਂ 'ਤੇ, ਬੁਲਾਰੇ ਨੇ ਕਿਹਾ ਕਿ, ਭਾਰਤ ਅਜਿਹੀਆਂ ਘਟਨਾਵਾਂ ਬਾਰੇ ਚਿੰਤਤ ਏ । ਉਨ੍ਹਾਂ ਬੰਗਲਾਦੇਸ਼ ਸਰਕਾਰ ਨੂੰ ਇਨ੍ਹਾਂ ਘਟਨਾਵਾਂ ਦੀ ਪੂਰੀ ਤਰ੍ਹਾਂ ਜਾਂਚ ਕਰਨ ਅਤੇ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਅਪੀਲ ਕੀਤੀ। ਸੀਜੇਪੀ ਦੇ ਸੌਰਵ ਦਾਸ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ 'ਤੇ, ਸ਼੍ਰੀ ਜੈਸਵਾਲ ਨੇ ਕਿਹਾ ਕਿ, ਪਾਸਪੋਰਟ ਅਰਜ਼ੀ ਪ੍ਰਕਿਰਿਆ ਲਈ ਬਿਨੈਕਾਰ ਨੂੰ ਸਹੀ ਜਾਣਕਾਰੀ ਪ੍ਰਦਾਨ ਕਰਨ ਦੀ ਲੋੜ ਹੁੰਦੀ ਏ । ਉਨ੍ਹਾਂ ਦੱਸਿਆ ਕਿ ਸਬੰਧਤ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਤੋਂ ਪ੍ਰਾਪਤ ਰਿਪੋਰਟਾਂ ਦੇ ਆਧਾਰ 'ਤੇ, ਚੇਨੰਈ ਦੇ ਖੇਤਰੀ ਪਾਸਪੋਰਟ ਦਫਤਰ ਨੇ ਸੌਰਵ ਦਾਸ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਏ, ਜਿਸ ਵਿੱਚ ਉਨ੍ਹਾਂ ਦੇ ਜਨਮ ਸਥਾਨ ਬਾਰੇ ਸੱਤ ਦਿਨਾਂ ਦੇ ਅੰਦਰ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਏ. ਬੁਲਾਰੇ ਨੇ ਕਿਹਾ ਕਿ, ਸੌਰਵ ਦਾਸ ਨੂੰ ਇਹ ਵੀ ਸਲਾਹ ਦਿੱਤੀ ਗਈ ਸੀ ਕਿ ਜਦੋਂ ਤੱਕ ਉਹ ਆਪਣਾ ਜਵਾਬ ਨਹੀਂ ਦਿੰਦੇ, ਪਾਸਪੋਰਟ ਦੀ ਵਰਤੋਂ ਨਾ ਕਰਨ ।

ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਦਿਹਾਤੀ ਵਿਕਾਸ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਔਰਤਾਂ ਦੀ ਸੁਰੱਖਿਆ, ਮਾਣ ਅਤੇ ਆਰਥਿਕ ਆਜ਼ਾਦੀ ਨੂੰ ਵਿਕਾਸ ਦੇ ਨਾਲ-ਨਾਲ ਚੱਲਣਾ ਚਾਹੀਦਾ ਏ । ਮੰਤਰੀ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਲਿੰਗਕ ਸਮਾਨਤਾ ਮੁਹਿੰਮ 'ਨਈ ਚੇਤਨਾ - ਪਹਿਲ ਬਦਲਾਵ ਕੀ' ਦੇ ਪੰਜਵੇਂ ਐਡੀਸ਼ਨ ਦੀ ਸ਼ੁਰੂਆਤ ਦੇ ਮੌਕੇ 'ਤੇ ਬੋਲ ਰਹੇ ਸਨ। ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੀ ਚੌਹਾਨ ਨੇ ਕਿਹਾ ਕਿ ਔਰਤਾਂ ਦਾ ਸ਼ਕਤੀਕਰਨ ਸਿਰਫ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਤੱਕ ਸੀਮਿਤ ਨਹੀਂ, ਸਗੋਂ ਉਨ੍ਹਾਂ ਨੂੰ ਅਗਵਾਈ ਕਰਨ, ਫੈਸਲੇ ਲੈਣ ਅਤੇ ਸਮਾਜਿਕ ਅਤੇ ਆਰਥਿਕ ਵਿਕਾਸ ਵਿੱਚ ਬਰਾਬਰ ਹਿੱਸਾ ਲੈਣ ਦੇ ਯੋਗ ਬਣਾਉਣਾ ਵੀ ਸ਼ਾਮਿਲ ਏ। ਮੰਤਰੀ ਨੇ ਜਾਗਰੂਕਤਾ ਅਤੇ ਸਹਾਇਤਾ ਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਲਿਜਾਣ ਵਿੱਚ ਔਰਤਾਂ ਦੀ ਅਗਵਾਈ ਵਾਲੇ ਸਵੈ-ਸਹਾਇਤਾ ਸਮੂਹਾਂ ਦੀ ਭੂਮਿਕਾ 'ਤੇ ਚਾਨਣਾ ਪਾਇਆ, ਤੇ ਕਿਹਾ ਕਿ ਭਾਈਚਾਰਕ ਸੰਸਥਾਵਾਂ ਇੱਕ ਹੋਰ ਬਰਾਬਰ ਅਤੇ ਸਮਾਵੇਸ਼ੀ ਸਮਾਜ ਬਣਾਉਣ ਵਿੱਚ ਇੱਕ ਮਜ਼ਬੂਤ ਸ਼ਕਤੀ ਬਣ ਸਕਦੀਆਂ ਨੇ.

BYTE

ਇਸ ਮੌਕੇ ਬੋਲਦਿਆਂ, ਔਰਤਾਂ ਤੇ ਬਚਿਆਂ ਦੇ ਵਿਕਾਸ ਬਾਰੇ ਕੇਂਦਰੀ ਮੰਤਰੀ ਅੰਨਪੂਰਨਾ ਦੇਵੀ ਨੇ ਔਰਤਾਂ ਦੇ ਸ਼ਕਤੀਕਰਨ, ਸੁਰੱਖਿਆ ਅਤੇ ਸਮਾਨਤਾ ਦੀ ਮਹੱਤਤਾ ਅਤੇ ਔਰਤਾਂ ਨੂੰ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ ਲਈ ਸਰਕਾਰੀ ਵਿਭਾਗਾਂ ਅਤੇ ਸਮਾਜ ਵਿੱਚ ਤਾਲਮੇਲ ਵਾਲੇ

ਯਤਨਾਂ ਦੀ ਜ਼ਰੂਰਤ 'ਤੇ ਵੀ ਚਾਨਣਾ ਪਾਇਆ। ਨਈ ਚੇਤਨਾ 5ਵੇਂ ਗੇੜ ਦਾ ਇੱਕ ਮੁੱਖ ਆਕਰਸ਼ਣ 15 ਮੰਤਰਾਲਿਆਂ ਅਤੇ ਵਿਭਾਗਾਂ ਨੂੰ ਸ਼ਾਮਿਲ ਕਰਨ ਵਾਲੀ ਇੱਕ ਸਾਂਝੀ ਅੰਤਰ-ਮੰਤਰਾਲਾ ਸਲਾਹ ਏ, ਜਿਸਦਾ ਉਦੇਸ਼ ਔਰਤਾਂ ਦੀ ਉਪਜੀਵਿਕਾ, ਮਾਲੀ ਪਹੁੰਚ, ਸੁਰੱਖਿਆ ਅਤੇ ਸੰਸਥਾਗਤ ਸਹਾਇਤਾ ਨਾਲ ਸੰਬੰਧਿਤ ਯੋਜਨਾਵਾਂ ਅਤੇ ਸੇਵਾਵਾਂ ਪ੍ਰਦਾਨ ਕਰਨ ਵਿੱਚ ਤਾਲਮੇਲ ਨੂੰ ਮਜ਼ਬੂਤ ਕਰਨਾ ਏ।

ਭਾਰਤ ਦੇ ਚੀਫ਼ ਜਸਟਿਸ ਜਸਟਿਸ ਸੂਰਿਆ ਕਾਂਤ ਨੇ ਕਾਨੂੰਨੀ ਪੇਸ਼ੇ ਵਿੱਚ ਔਰਤਾਂ ਦੀ ਵਧੇਰੇ ਪ੍ਰਤੀਨਿਧਤਾ ਦਾ ਸੱਦਾ ਦਿੱਤਾ ਏ। ਅੱਜ ਨਵੀਂ ਦਿੱਲੀ ਦੇ ਸਿਰੀ ਫੋਰਟ ਸਪੋਰਟਸ ਕੰਪਲੈਕਸ ਵਿਖੇ ਉਦਘਾਟਨੀ ਸ਼੍ਰੀਮਤੀ ਸ਼ਸ਼ੀ ਪ੍ਰਭਾ ਸਿੰਘ ਮੈਮੋਰੀਅਲ ਅਵਾਰਡ ਸਮਾਰੋਹ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਸੀਨੀਅਰ ਵਕੀਲਾਂ ਨੂੰ ਅਪੀਲ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਉਨ੍ਹਾਂ ਦੇ ਚੈਂਬਰਾਂ ਵਿੱਚ ਘੱਟੋ-ਘੱਟ ਇੱਕ ਤਿਹਾਈ ਜੂਨੀਅਰ ਵਕੀਲ, ਔਰਤਾਂ ਹੋਣ। ਉਨ੍ਹਾਂ ਨੇ ਬਾਰ ਵਿੱਚ ਉਨ੍ਹਾਂ ਦੀ ਹਿੱਸੇਦਾਰੀ ਅਤੇ ਪ੍ਰਤੀਨਿਧਤਾ ਨੂੰ ਮਜ਼ਬੂਤ ਕਰਨ ਲਈ ਪੈਨਲ ਵਕੀਲਾਂ ਵਜੋਂ ਹੋਰ ਔਰਤਾਂ ਨੂੰ ਨਿਯੁਕਤ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਚਾਰ ਨੌਜਵਾਨ ਔਰਤ ਵਕੀਲਾਂ ਨੂੰ ਉਨ੍ਹਾਂ ਦੀ ਸਮਰੱਥਾ ਅਤੇ ਮੁਕੱਦਮੇਬਾਜ਼ੀ ਵਿੱਚ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ ਇਹ ਅਵਾਰਡ ਪ੍ਰਦਾਨ ਕੀਤੇ ਗਏ। ਇਸ ਪਹਿਲਕਦਮੀ ਦਾ ਉਦੇਸ਼ ਉਨ੍ਹਾਂ ਦੇ ਕਾਨੂੰਨੀ ਕਰੀਅਰ ਨੂੰ ਅੱਗੇ ਵਧਾਉਣ ਵਿੱਚ ਮਦਦ ਕਰਨ ਲਈ ਮਾਲੀ ਸਹਾਇਤਾ ਪ੍ਰਦਾਨ ਕਰਨਾ ਵੀ ਏ।

ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਹਿੰਦ ਮਹਾਸਾਗਰ ਦੇ ਨੇੜੇ ਦੇ ਦੇਸ਼ਾਂ ਵਿਚਕਾਰ ਸਾਂਝੇ ਸਮੁੰਦਰੀ ਅਤੇ ਸੱਭਿਅਤਾਵਾਦੀ ਸਬੰਧਾਂ 'ਤੇ ਜ਼ੋਰ ਦਿੱਤਾ ਏ । ਉਨ੍ਹਾਂ ਕਿਹਾ ਕਿ ਸਮੁੰਦਰ ਨੂੰ ਦੇਸ਼ਾਂ ਨੂੰ ਵੰਡਣ ਦੀ ਬਜਾਏ ਜੋੜਨ ਦਾ ਇੱਕ ਮਾਧਿਅਮ ਬਣਿਆ ਰਹਿਣਾ ਚਾਹੀਦਾ ਏ । ਸ਼੍ਰੀ ਡੋਵਾਲ ਨੇ ਅੱਜ ਮਾਲਦੀਵਸ ਦੀ ਰਾਜਧਾਨੀ ਮਾਲੇ ਵਿੱਚ ਕੋਲੰਬੋ ਸੁਰੱਖਿਆ ਕਾਨਫਰੰਸ ਦੀ 8ਵੀਂ ਰਾਸ਼ਟਰੀ ਸੁਰੱਖਿਆ ਸਲਾਹਕਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਇਹ ਗੱਲ ਕਹੀ। ਸ਼੍ਰੀ ਡੋਵਾਲ ਨੇ ਸਮੁੰਦਰੀ ਸੁਰੱਖਿਆ, ਖੇਤਰੀ ਸਥਿਰਤਾ ਅਤੇ ਆਰਥਿਕ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਖੇਤਰ ਦੇ ਦੇਸ਼ਾਂ ਵਿਚਕਾਰ ਨਿਰੰਤਰ ਸਹਿਯੋਗ ਦੀ ਮੰਗ ਕੀਤੀ।

ਕੋਲਾ ਅਤੇ ਖਾਣ ਮੰਤਰੀ ਜੀ. ਕਿਸ਼ਨ ਰੈਡੀ ਨੇ ਕਿਹਾ ਏ ਕਿ ਵਿਦਿਆਰਥੀ ਅਤੇ ਨੌਜਵਾਨ ਦੇਸ਼ ਦਾ ਸਭ ਤੋਂ ਵੱਡਾ ਅਸਾਸਾ ਅਤੇ ਭਵਿੱਖ ਨੇ. ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਦੀ ਦੁਰਵਰਤੋਂ ਨੌਜਵਾਨਾਂ, ਪਰਿਵਾਰਾਂ, ਸਮਾਜ ਅਤੇ ਦੇਸ਼ ਦੇ ਭਵਿੱਖ ਦੇ ਜੀਵਨ ਨੂੰ ਬਰਬਾਦ ਕਰ ਸਕਦੀ ਏ । ਸ਼੍ਰੀ ਰੈਡੀ ਅੱਜ ਹੈਦਰਾਬਾਦ ਵਿੱਚ ਤਿੰਨ ਦਿਨਾਂ "ਨਸ਼ਾ ਮੁਕਤ ਭਾਰਤ" ਪਦਯਾਤਰਾ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਓਸਮਾਨੀਆ ਯੂਨੀਵਰਸਿਟੀ ਕੈਂਪਸ ਵਿਖੇ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਵਰਗੇ ਰਾਜਾਂ ਦੇ ਨੌਜਵਾਨ ਨਸ਼ੇ ਦੀ ਸਮੱਸਿਆ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਨੇ. ਨਸ਼ਾ ਹਰ ਘਰ, ਸਕੂਲ, ਦਫਤਰ ਅਤੇ

ਕਲੋਨੀ ਲਈ ਚਿੰਤਾ ਦਾ ਵਿਸ਼ਾ ਬਣਦਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਭਾਰਤ ਸਮੇਤ ਦੁਨੀਆ ਭਰ ਦੇ ਕਈ ਦੇਸ਼ਾਂ ਵਿੱਚ ਨਸ਼ੇ ਦੀ ਸਮੱਸਿਆ ਮੌਜੂਦ ਏ।

ਸੜ੍ਹਕ ਆਵਾਜਾਈ ਅਤੇ ਸ਼ਾਹਰਾਹ ਬਾਰੇ ਮੰਤਰੀ ਨਿਤਿਨ ਗਡਕਰੀ ਨੇ ਅੱਜ ਕਿਹਾ ਏ ਕਿ ਦਿਵਿਅੰਗ ਵਿਅਕਤੀਆਂ ਦੀ ਹਮਾਇਤ ਕਰਨਾ ਇੱਕ ਸਮਾਜਿਕ ਜ਼ਿੰਮੇਵਾਰੀ ਏ. ਮੰਤਰੀ ਨੇ ਮੌਕਿਆਂ, ਮਾਣ ਅਤੇ ਸਵੈ-ਨਿਰਭਰਤਾ ਦੇ ਇੱਕ ਮਜ਼ਬੂਤ ਸਿਲਸਿਲੇ ਦਾ ਸੱਦਾ ਵੀ ਦਿੱਤਾ। ਉਨ੍ਹਾਂ ਇਹ ਗੱਲ ਦਿਵਿਆਂਗਤਾ 'ਤੇ 13ਵੇਂ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ ਕਹੀ।

ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰੀ ਵੀਰੇਂਦਰ ਕੁਮਾਰ ਨੇ ਅੱਜ ਨਵੀਂ ਦਿੱਲੀ ਵਿੱਚ "ਸਮਾਵੇਸ਼" ਅਤੇ ਨਵੇਂ ਈ-ਗ੍ਰਾਂਟ ਪੋਰਟਲ ਦੀ ਸ਼ੁਰੂਆਤ ਕੀਤੀ। ਸਮਵੇਸ਼ ਦਾ ਉਦੇਸ਼ ਸਮਾਜਿਕ ਸਦਭਾਵਨਾ ਅਤੇ ਸ਼ਕਤੀਕਰਨ ਨਾਲ ਸਬੰਧਤ ਵੱਖ-ਵੱਖ ਯੋਜਨਾਵਾਂ ਲਈ ਇੱਕ ਸਾਂਝਾ ਡਿਜੀਟਲ ਪਲੇਟਫਾਰਮ ਪ੍ਰਦਾਨ ਕਰਨਾ ਏ।

ਜਲੰਧਰ ਵਿਖੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ 'ਚ ਖੇਡੇ ਜਾ ਰਹੇ 43ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ 'ਚ ਅੱਜ ਪੰਜਾਬ ਪੁਲਿਸ ਨੇ ਇੰਡੀਅਨ ਨੇਵੀ ਨੂੰ 4 -1 ਨਾਲ ਹਰਾ ਦਿੱਤਾ ਏ | ਅੱਜ ਪਹਿਲਾਂ ਖੇਡੇ ਗਏ ਮੈਚਾਂ 'ਚ RCF, ਕਪੂਰਥਲਾ ਨੇ BSF

ਜਲੰਧਰ ਨੂੰ 4 – 1 ਦੇ ਫਰਕ ਨਾਲ ਹਰਾਇਆ. ਇੱਕ ਹੋਰ ਮੈਚ ਵਿਚ ਆਰਮੀ ਇਲੈਵਨ ਦਿੱਲੀ ਅਤੇ ਭਾਰਤ ਪੈਟਰੋਲੀਅਮ ਦਰਮਿਆਨ ਮੁਕਾਬਲਾ ਬਰਾਬਰੀ ਤੇ ਰਿਹਾ | ਦੋਵੇਂ ਟੀਮਾਂ ਕੋਈ ਗੋਲ ਨਹੀਂ ਕਰ ਸਕੀਆਂ |

WOMEN’S HOCKEY

ਭੋਪਾਲ 'ਚ ਖੇਡੇ ਜਾ ਰਹੇ ਔਰਤਾਂ ਦੇ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਦੇ ਆਖਰੀ ਲੀਗ ਮੈਚ ਵਿੱਚ ਭਾਰਤ ਦਾ ਮੁਕਾਬਲਾ ਜਾਪਾਨ ਨਾਲ ਜਾਰੀ ਏ |

ਏਸ਼ੀਆਈ ਰੈਂਕਿੰਗ ਵਿੱਚ, ਭਾਰਤ ਦੂਜੇ ਅਤੇ ਜਾਪਾਨ ਤੀਜੇ ਸਥਾਨ 'ਤੇ ਏ ।

- ਕੇਂਦਰੀ ਮੰਤਰੀ ਮੰਡਲ ਨੇ ਨਿਰਮਾਣ ਅਤੇ ਬੁਨਿਆਦੀ ਢਾਂਚਾ ਉਪਕਰਣ - ਸੀਆਈਈ ਨਿਰਮਾਣ ਖੇਤਰ ਨੂੰ ਹੁਲਾਰਾ ਦੇਣ ਲਈ 11,ਹਜ਼ਾਰ ਕਰੋੜ ਰੁਪਏ ਦੀ ਯੋਜਨਾ ਨੂੰ ਪ੍ਰਵਾਨਗੀ ਸਮੇਤ ਪੰਜ ਵੱਡੇ ਫੈਸਲਿਆਂ ਨੂੰ ਮਨਜ਼ੂਰੀ ਦਿੱਤੀ ।

- ਭਾਰਤ ਅਤੇ ਚੀਨ ਦਰਮਿਆਨ ਕੂਟਨੀਤਕ ਅਤੇ ਫੌਜੀ ਪੱਧਰ ਦੀ ਗੱਲਬਾਤ ਜਾਰੀ ਏ.

- ਕੇਂਦਰੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਵਲੋਂ ਰਾਸ਼ਟਰੀ ਲਿੰਗਕ ਸਮਾਨਤਾ ਮੁਹਿੰਮ 'ਨਈ ਚੇਤਨਾ - ਪਹਿਲ ਬਦਲਾਵ ਕੀ' ਦੇ ਪੰਜਵੇਂ ਐਡੀਸ਼ਨ ਦੀ ਸ਼ੁਰੂਆਤ .

- ਭਾਰਤ ਦੇ ਚੀਫ਼ ਜਸਟਿਸ ਜਸਟਿਸ ਸੂਰਿਆ ਕਾਂਤ ਨੇ ਕਾਨੂੰਨੀ ਪੇਸ਼ੇ ਵਿੱਚ ਔਰਤਾਂ ਦੀ ਵਧੇਰੇ ਪ੍ਰਤੀਨਿਧਤਾ ਲਈ ਕਿਹੈ.

- ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਹਿੰਦ ਮਹਾਸਾਗਰ ਖੇਤਰ ਦੀ ਸੁਰੱਖਿਆ ਪ੍ਰਤੀ ਭਾਰਤ ਦੀ ਵਚਨਬੱਧਤਾ ਦੁਹਰਾਈ.

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ ਸਾਢੇ ੪ ਵਜੇ ਹੋਏਗਾ। ਨਮਸਕਾਰ!